# ACTIVITIES CONDUCTED FOR INCULCATING HUMAN VALUES AND PROFESSIONAL ETHICS

## SRI AKAND PATH SAHIB



## BLOOD DONATION CAMP




## SEHAJ PATH SEMINAR




## SWAN CELEBRATION



ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਚ ਲੱਗੀਆਂ ਤੀਆਂ ਦੀਆਂ ਰੌਣਕਾਂ ਲੱਗੀਆਂ

ਫਤਿਹ ਟਾਈਮਜ਼

ਚੋਹਲਾ ਸਾਹਿਬ, 13 ਅਗਸਤ (ਰਾਕੇਸ਼ ਬਾਵਾ,ਪਰਮਿੰਦਰ ਚੋਹਲਾ) ਇਲਾਕੇ ਦੀ ਪੰਜਾਹ ਸਾਲ ਪੁਰਾਣੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿੱਚ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦੇ ਉਪਰਾਲੇ ਤਹਿਤ ਸੱਭਿਆਚਾਰ ਦੇ ਅਨਿੱਖੜਵੇਂ ਅੰਗ ਤੀਆਂ ਦਾ ਤਿਉਹਾਰ ਮਨਾਇਆਂ ਗਿਆਂ। ਸੰਤ ਬਾਬਾ ਸੁੱਖਾ ਸਿੰਘ ਜੀ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੀ ਸਰਪ੍ਰਸਤੀ ਅਧੀਨ ਇਹ ਸੰਸਥਾ ਦਿਨ ਦੁੱਗਣੀ ਤੇ ਰਾਤ ਚੌਗਣੀ ਤਰੱਕੀ ਕਰ ਰਹੀ ਹੈ। ਇਸ ਸੰਸਥਾ ਨੇ ਸਮੇਂਖਸਮੇਂ ਹਰੇਕ ਖੇਤਰ ਅਕਾਦਮਿਕ, ਸਭਿਆਚਾਰ ਤੇ ਖੇਡਾਂ ਵਿੱਚ ਮੱਲਾਂ ਮਾਰੀਆ ਹਨ। ਪੜ੍ਹਾਈ ਦੇ ਨਾਲਖਨਾਲ ਵਿਦਿਆਰਥੀਆਂ ਦੇ ਬੌਧਿਕ ਤੇ ਮਾਨਸਿਕ ਵਿਕਾਸ ਲਈ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣਾ ਬਹੁਤ ਜਰੂਰੀ ਹੈ। ਇਸੇ ਤਵਾਜਨ ਨੂੰ ਬਣਾਈ ਰੱਖਣ ਲਈ ਕਾਲਜ ਦੇ ਵਿਹੜੇ ਵਿੱਚ ਤੀਆਂ ਦੇ ਤਿਉਹਾਰ ਦੀਆਂ ਰੌਣਕਾਂ ਲੱਗੀਆਂ। ਕਾਲਜ ਦੀਆਂ ਵਿਦਿਆਰਥਣਾਂ ਨੇ ਗਿੱਧਿਖਭੰਗੜੇ ਦੇ ਰੰਗਾਖਰੰਗ ਪ੍ਰੋਗਰਾਮ ਪੇਸ਼ ਕੀਤੇ। ਗਿੱਧੇ ਵਿੱਚ ਸਾਵਣ ਮਹੀਨੇ ਦੀ ਉਸਤਤ ਨਾਲ ਸੰਬਧਿਤ ਬੋਲੀਆਂ ਪਾਈਆਂ ਤੇ ਗੀਤ ਗਾਏ ਗਏ। ਕਾਲਜ ਦੇ ਪ੍ਰਿੰਸੀਪਲ ਡਾ: ਜਸਬੀਰ ਸਿੰਘ ਗਿੱਲ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਇਆ ਦੱਸਿਆ ਕਿ ਧੀਆਂ ਤੇ ਤ੍ਰਿਝਣ ਦਾ ਆਪਸ ਵਿੱਚ ਬਹੁਤ ਗੂੜਾ ਰਿਸ਼ਤਾ ਹੈ। ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਵਿਦਿਆਰਥੀ ਆਪਣੇ ਇਸ ਅਮੀਰ ਵਿਰਸੇ ਨਾਲ ਜੁੜ ਕੇ ਰਹਿਣ। ਉਨ੍ਹਾਂ ਦੱਸਿਆ ਕਿ ਸਾਵਣ ਮਹੀਨੇ ਲੜਕੀਆਂ ਤੀਆਂ ਦੇ ਤਿਉਹਾਰ ਮੌਕੇ ਇਕੱਠੀਆਂ ਹੋ ਕੇ ਬੋਲੀਆਂ ਰਾਹੀ ਆਪਣੇ ਮਨ ਦੇ ਭਾਵ ਸਾਂਝੇ ਕਰਦੀਆ ਹਨ ਤੇ ਇਸ ਤਿਉਹਾਰ ਦੀ ਪੰਜਾਬ ਦੇ ਸੱਭਿਆਚਾਰ ਵਿੱਚ ਬਹੁਤ ਅਹਿਮੀਅਤ ਹੈ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀ ਆਪਣੇ ਵਿਰਸੇ ਨੂੰ ਸਾਂਭ ਕੇ ਰੱਖੀਏ। ਇਸ ਮੌਕੇ ਕਾਲਜ ਦੇ ਸਮੂਹ ਵਿਦਿਆਰਥੀ ਤੇ ਸਟਾਫ ਨੇ ਰਲ ਕੇ ਤੀਆਂ ਦੇ ਪ੍ਰੋਗਰਾਮ ਦੀ ਸ਼ੋਭਾ ਵਧਾਈ।

4 ਐਤਵਾਰ , 14 ਅਗਸਤ 2022